# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-05-2024**

ਲੋਕ ਸਭਾ ਚੋਣਾਂ ਦੇ ਚੌਥੇ ਗੇੜ ਵਿਚ, ਅੱਜ 9 ਸੂਬਿਆਂ ਅਤੇ ਇਕ ਕੇਂਦਰ ਸ਼ਾਸਿਤ ਪ੍ਰਦੇਸ਼ ਦੀਆਂ, 96 ਸੀਟਾਂ 'ਤੇ ਵੋਟਿੰਗ ਜਾਰੀ ਏ । ਸਵੇਰੇ 7 ਵਜੇ ਸ਼ੁਰੂ ਹੋਈ ਵੋਟਿੰਗ ਸ਼ਾਮ 5 ਵਜੇ ਤੱਕ ਚਲੇਗੀ । ਇਸ ਗੇੜ ਵਿਚ ਤੇਲੰਗਾਨਾ ਦੇ ਸਾਰੇ 17, ਬਿਹਾਰ ਦੇ 5, ਝਾਰਖੰਡ ਦੇ 4, ਮੱਧ ਪ੍ਰਦੇਸ਼ ਦੇ 8, ਮਹਾਰਾਸ਼ਟਰ ਦੇ 11, ਓਡੀਸ਼ਾ ਦੇ 4, ਪੱਛਮੀ ਬੰਗਾਲ ਦੇ 8 ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ ਕਸ਼ਮੀਰ ਦੇ ਇਕ ਲੋਕਸਭਾ ਹਲਕੇ ਵਿਚ ਵੋਟਿੰਗ ਹੋ ਰਹੀ ਏ । ਇਸ ਤੋਂ ਅਲਾਵਾ ਆਂਧਰਾ ਪ੍ਰਦੇਸ਼ ਦੇ ਸਾਰੇ ਹੀ 25 ਲੋਕ ਸਭਾ ਹਲਕਿਆਂ ਦੇ ਨਾਲ-ਨਾਲ, 175 ਵਿਧਾਨ ਸਭਾ ਹਲਕਿਆਂ ਅਤੇ 147 ਮੈਂਬਰੀ ਓਡੀਸ਼ਾ ਵਿਧਾਨ ਸਭਾ ਦੇ 28 ਹਲਕਿਆਂ 'ਤੇ ਵੀ ਵੋਟਿੰਗ ਹੋ ਰਹੀ ਏ । ਇਸ ਗੇੜ ਵਿੱਚ BJP ਦੇ ਗਿਰੀ ਰਾਜ ਸਿੰਘ, TMC ਦੀ ਮਹੂਆ ਮੋਇਤਰਾ ਅਤੇ AIMIM ਦੇ

ਅਸਦੁਦੀਨ ਓਵੈਸੀ ਸਮੇਤ ਕਈ ਦਿੱਗਜ ਉਮੀਦਵਾਰ ਮੈਦਾਨ ਵਿੱਚ ਨੇ। ਕੁੱਲ 17 ਕਰੋੜ 70 ਲੱਖ ਵੋਟਰ ਇੱਕ ਹਜ਼ਾਰ 717 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨਗੇ। ਵੋਟਿੰਗ ਲਈ ਇੱਕ ਲੱਖ 92 ਹਜ਼ਾਰ ਪੋਲਿੰਗ ਸਟੇਸ਼ਨ ਬਣਾਏ ਗਏ ਨੇ।

---------------------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦਾ ਸਿਲਸਿਲਾ ਦੋ ਦਿਨ ਦੀ ਛੁੱਟੀ ਮਗਰੋਂ ਅੱਜ ਤੋਂ ਫੇਰ ਸ਼ੁਰੂ ਹੋ ਗਿਆ ਏ। BJP, ਕਾਂਗਰਸ, ਆਮ ਆਦਮੀ ਪਾਰਟੀ ਅਤੇ ਸ਼੍ਰੋਮਣੀ ਅਕਾਲੀ ਦਲ ਸਮੇਤ ਹੋਰਨਾਂ ਵੱਖ ਵੱਖ ਪਾਰਟੀਆਂ ਦੇ ਕਈ ਪ੍ਰਮੁੱਖ ਉਮੀਦਵਾਰ ਅੱਜ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਰਹੇ ਨੇ। ਨਾਮਜ਼ਦਗੀਆਂ 14 ਮਈ ਤੱਕ ਭਰੀਆਂ ਜਾ ਸਕਣਗੀਆਂ। 15 ਮਈ ਨੂੰ ਇਨ੍ਹਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ 17 ਮਈ ਨਾਮਜ਼ਦਗੀ ਵਾਪਸ ਲੈਣ ਦੀ ਆਖਰੀ ਤਾਰੀਖ ਏ। ਸੂਬੇ ਦੇ ਸਾਰੇ ਹੀ 13 ਲੋਕ ਸਭਾ ਹਲਕਿਆਂ ‘ਤੇ ਪਹਿਲੀ ਜੂਨ ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਵੋਟਾਂ ਪੈਣਗੀਆਂ। ਬੀਤੀ 10 ਮਈ ਤਕ ਸਾਰੇ ਹੀ ਲੋਕਸਭਾ ਹਲਕਿਆਂ

ਵਿਚ 143 ਉਮੀਦਵਾਰਾਂ ਨੇ 163 ਨਾਮਜ਼ਦਗੀ ਪੱਤਰ ਦਾਖਲ ਕੀਤੇ ਸਨ।

---------------------------------------------------

ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਏ ਕਿ ਉਨ੍ਹਾਂ ਦੀ ਪਾਰਟੀ ਕੇਂਦਰ ਵਿੱਚ ਭਾਈਵਾਲ ਸਰਕਾਰ ਬਣਨ ਤੇ ਪੰਜਾਬ ਤੇ ਦਿੱਲੀ ਦੀ ਤਰਜ਼ ਉਤੇ ਕੇਂਦਰ ਵਿੱਚ ਵੀ ਗਾਰੰਟੀਆਂ ਪੂਰੀਆਂ ਕਰੇਗੀ । ਧੂਰੀ ਦੇ ਵੱਖ-ਵੱਖ ਪਿੰਡਾਂ ਵਿੱਚ ਚੋਣ ਰੈਲੀਆਂ ਨੂੰ ਸੰਬੋਧਨ ਕਰਦਿਆਂ, ਉਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿਚ ਕਈ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਨੇ ।

---------------------------------------------------

ਬਠਿੰਡਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਹਰਸਿਮਰਤ ਕੌਰ ਬਾਦਲ ਨੇ, ਸੂਬਾ ਸਰਕਾਰ ਤੋਂ ਆਪਣੀ ਪਿਛਲੇ ਢਾਈ ਸਾਲਾਂ ਕਾਰਗੁਜ਼ਾਰੀ ਬਾਰੇ ਪੰਜਾਬੀਆਂ ਨੂੰ ਦੱਸਣ ਲਈ ਆਖਿਆ ਏ। ਬਠਿੰਡਾ ਸ਼ਹਿਰ ਵਿਚ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ, ਉਹਨਾਂ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਇਸ ਅਰਸੇ ਵਿਚ ਇਕ

ਵੀ ਵਿਕਾਸ ਕਾਰਜ ਨਹੀਂ ਆਰੰਭਿਆ ਏ। ਉਨਾਂ ਕਿਹਾ ਕਿ ਪਾਰਟੀ ਨੇ ਸਕੂਲ ਸਿੱਖਿਆ ਤੇ ਮੈਡੀਕਲ ਸਹੂਲਤ ਵਿਚ ਕ੍ਰਾਂਤੀ ਦਾ ਵਾਅਦਾ ਕੀਤਾ ਸੀ, ਪਰ ਇਸ ਮੁਹਾਜ਼ ’ਤੇ ਹਾਲੇ ਤੱਕ ਕੁਝ ਵੀ ਨਹੀਂ ਕੀਤਾ ਗਿਆ ਏ ਅਤੇ ਅੱਜ ਸਿੱਖਿਆ ਤੇ ਸਿਹਤ ਖੇਤਰ ਦਾ ਬਹੁਤ ਬੁਰਾ ਹਾਲ ਏ। ਹਾਲਾਤ ਇਹ ਨੇ ਕਿ ਪੇਂਡੂ ਡਿਸਪੈਂਸਰੀਆਂ ਵਿਚੋਂ ਸਟਾਫ ਆਮ ਆਦਮੀ ਕਲੀਨਿਕਾਂ ਵਿਚ ਸ਼ਿਫਟ ਕਰਨ ਨਾਲ ਪੇਂਡੂ ਡਿਸਪੈਂਸਰੀਆਂ ਤਬਾਹ ਹੋ ਗਈਆਂ ਨੇ।

---------------------------------------------------

ਮੋਹਾਲੀ ਦੇ ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸਵੀਪ ਟੀਮ ਨੇ ਕੱਲ ਜ਼ਿਲ੍ਹਾ ਸਿਵਲ ਹਸਪਤਾਲ ਮੋਹਾਲੀ ਵਿਖੇ ਕੌਮਾਂਤਰੀ ਨਰਸ ਦਿਵਸ ਅਤੇ ਕੌਮਾਂਤਰੀ ਮਾਂ ਦਿਵਸ ਮਨਾਇਆ। ਸਵੀਪ ਦੇ ਜ਼ਿਲ੍ਹਾ ਨੋਡਲ ਅਫਸਰ ਪ੍ਰੋ ਗੁਰਬਖ ਸ਼ੀਸ਼ ਸਿੰਘ ਅਨਟਾਲ ਅਤੇ ਚੋਣ ਤਹਿਸੀਲਦਾਰ ਸੰਜੇ ਕੁਮਾਰ ਨੇ ਜਿੱਥੇ ਨਰਸਿੰਗ ਸਟਾਫ ਨੂੰ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਮੁਬਾਰਕਬਾਦ ਦਿੱਤੀ, ਉੱਥੇ ਹੀ ਕੌਮਾਂਤਰੀ ਮਾਂ ਦਿਵਸ ਨੂੰ ਸਮਰਪਿਤ ਹੁੰਦਿਆਂ ਨਵ-ਜੰਨਮੇ ਬੱਚਿਆਂ ਦੀਆਂ ਮਾਵਾਂ ਨੂੰ

ਸਨਮਾਨਿਤ ਕਰਕੇ ਵੋਟ ਪਾਉਣ ਦੀ ਅਪੀਲ ਕੀਤੀ। ਹਸਪਤਾਲ ਦੇ ਮੈਡੀਕਲ ਅਫਸਰ ਡਾ. ਹਰੀਸ਼ ਡੋਗਰਾ ਨੇ ਦੱਸਿਆ ਕਿ ਹਸਪਤਾਲ ਦੇ ਸਮੂਹ ਸਟਾਫ ਨੇ ਵੋਟ ਪਾਉਣ ਦਾ ਪ੍ਰਣ ਲਿਆ। ਇਸ ਮੌਕੇ ਹਸਪਤਾਲ ਦੇ ਐਮਰਜੈਂਸੀ ਵਾਰਡ ਅਤੇ OPD ਤੋਂ ਜਾਰੀ ਹੋਣ ਵਾਲੀਆਂ ਰਜਿਸਟ੍ਰੇਸ਼ਨ ਸਲਿੱਪਾਂ ਤੇ ਵੋਟ ਪਾਉਣ ਦੀ ਅਪੀਲ ਵਾਲੇ ਸੁਨੇਹੇ ਦੀ ਸ਼ੁਰੂਆਤ ਵੀ ਕੀਤੀ ਗਈ।

---------------------------------------------------------

ਪੰਜਾਬ ਦੇ ਮਹਾਨ ਸਾਹਿਤਕਾਰ ਤੇ ਉਘੇ ਕਵੀ ਪਦਮ ਸ੍ਰੀ ਡਾਕਟਰ ਸੁਰਜੀਤ ਪਾਤਰ ਦਾ ਅੱਜ ਲੁਧਿਆਣਾ ਵਿਚ ਹੰਜੂ ਭਰੀਆਂ ਅੱਖਾਂ ਵਿਚਾਲੇ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਮ ਸਸਕਾਰ ਕਰ ਦਿੱਤਾ ਗਿਆ। ਇਸ ਮੌਕੇ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਵੱਡੀ ਗਿਣਤੀ ਵਿਚ, ਉਨਾਂ ਦੇ ਪ੍ਰਸ਼ੰਸਕ ਤੇ ਆਮ ਲੋਕ ਮੌਜੂਦ ਰਹੇ। ਜ਼ਿਕਰਯੋਗ ਏ ਕਿ ਬੀਤੀ 11 ਮਈ ਦੀ ਸਵੇਰ ਵੇਲੇ ਡਾਕਟਰ ਸੁਰਜੀਤ ਪਾਤਰ ਦਾ ਨੀਂਦ ਵਿਚ ਹੀ ਦਿਲ ਦਾ ਦੌਰਾ ਪੈਣ ਕਾਰਣ ਦੇਹਾਂਤ ਹੋ ਗਿਆ ਸੀ। ਡਾਕਟਰ ਸੁਰਜੀਤ ਪਾਤਰ ਨੇ ਆਪਣੀਆਂ ਕਵਿਤਾਵਾਂ

ਰਾਹੀਂ ਪੰਜਾਬੀ ਭਾਸ਼ਾ ਨੂੰ ਇੱਕ ਨਵਾਂ ਮੁਕਾਮ ਦਿੱਤਾ। ਉਨ੍ਹਾਂ ਦੀਆਂ ਰਚਨਾਵਾਂ ਵਿਚ ਮਨੁੱਖੀ ਸੰਵੇਦਨਾਵਾਂ, ਕੁਦਰਤ ਪ੍ਰਤੀ ਪ੍ਰੇਮ ਤੇ ਸਮਾਜਿਕ ਮੁੱਦੇ ਬਹੁਤ ਹੀ ਸੋਹਣੇ ਰੂਪ ਵਿਚ ਨਜ਼ਰ ਆਉਂਦੇ ਨੇ। ਪੰਜਾਬ, ਪੰਜਾਬੀ ਭਾਸ਼ਾ ਅਤੇ ਪੰਜਾਬੀਅਤ ਪ੍ਰਤੀ, ਇਸ ਵਿਲੱਖਣ ਦੇਣ ਲਈ ਹੀ ਸਾਲ 2012 ਵਿਚ ਡਾਕਟਰ ਸੁਰਜੀਤ ਪਾਤਰ ਨੂੰ ਪਦਮਸ਼੍ਰੀ ਸਨਮਾਨ ਨਾਲ ਨਵਾਜਿਆ ਗਿਆ ਸੀ।

-----------------------------------------------------------

ਕੇਂਦਰੀ ਸੈਕੰਡਰੀ ਸਿੱਖਿਆ ਬੋਰਡ CBSE ਨੇ ਅੱਜ 12ਵੀਂ ਜਮਾਤ ਦੇ ਨਤੀਜੇ ਦਾ ਐਲਾਨ ਕਰ ਦਿੱਤਾ ਏ। ਇੱਕ ਬਿਆਨ ਵਿੱਚ CBSE ਨੇ ਕਿਹਾ ਕਿ 87.98 ਫ਼ੀਸਦ ਵਿਦਿਆਰਥੀਆਂ ਨੇ ਬੋਰਡ ਦੀ ਪ੍ਰੀਖਿਆ ਪਾਸ ਕੀਤੀ ਏ। ਇਹ ਪਾਸ ਪ੍ਰਤੀਸ਼ਤਤਾ ਪਿਛਲੇ ਸਾਲ ਨਾਲੋਂ 0.65 ਫ਼ੀਸਦ ਵੱਧ ਏ। 24 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੇ 95 ਫ਼ੀਸਦ ਤੋਂ ਵੱਧ ਨੰਬਰ ਹਾਸਲ ਕੀਤੇ ਨੇ ਅਤੇ ਇੱਕ ਲੱਖ 16 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੇ 90 ਫ਼ੀਸਦ ਤੋਂ ਵੱਧ ਨੰਬਰ

ਲਏ ਨੇ। ਕੁੜੀਆਂ ਨੇ ਮੁੰਡਿਆਂ ਨੂੰ 6.40 ਫੀਸਦੀ ਨਾਲ ਪਿੱਛੇ ਛੱਡ ਦਿੱਤਾ ਏ। ਇਹ ਰਿਜ਼ਲਟ ਬੋਰਡ ਦੀ ਵੈਬਸਾਈਟ ਤੇ ਵੇਖਿਆ ਜਾ ਸਕਦਾ ਏ।